ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਸਮੇਂ ਸਿਰ ਕਰਵਾਈ ਜਾ ਰਹੀ ਹੈ ਲਿਫਟਿੰਗ ਤੇ ਅਦਾਇਗੀ -ਈਸ਼ਾ ਕਾਲੀਆ

### ਅਨਾਜ ਮੰਡੀਆਂ ਵਿੱਚ ਨਿਰਵਿਘਨ ਚੱਲ ਰਹੀ ਹੈ ਝੋਨੇ ਦੀ ਖਰੀਦ

### 112390 ਮੀਟ੍ਰਿਕ ਟਨ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

### ਹੁਣ ਤੱਕ 119605 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ

ਫਾਜ਼ਿਲਕਾ 13 ਅਕਤੂਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੀ ਖਰੀਦ ਏਜੰਸੀਆਂ ਵੱਲੋਂ ਬੀਤੀ ਸਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 119605 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਅਤੇ 112390 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਲਿਫਟਿੰਗ ਵਿੱਚ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ ਹਨ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਝੋਨੇ ਦੀ ਖਰੀਦ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 23024 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 18050 ਮੀਟ੍ਰਿਕ ਟਨ, ਪਨਸਪ ਵੱਲੋਂ 27746 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 15904 ਮੀਟ੍ਰਿਕ ਟਨ,ਪੰਜਾਬ ਐਗਰੋ ਵੱਲੋਂ 8300 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 19347 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।